ਗੋਂਡ ਮਹਲਾ ੫ ॥ ਸੰਤ ਕਾ ਲੀਆ ਧਰਤਿ ਬਿਦਾਰਉ ॥ ਸੰਤ ਕਾ ਨਿੰਦਕੁ ਅਕਾਸ ਤੇ ਟਾਰਉ ॥ ਸੰਤ ਕਉ ਰਾਖਉ ਅਪਨੇ ਜੀਅ ਨਾਲਿ ॥ ਸੰਤ ਉਧਾਰਉ ਤਤਖਿਣ ਤਾਲਿ ॥੧॥ ਸੋਈ ਸੰਤੁ ਜਿ ਭਾਵੈ ਰਾਮ ॥ ਸੰਤ ਗੋਬਿੰਦ ਕੈ ਏਕੈ ਕਾਮ ॥੧॥ ਰਹਾਉ ॥ ਸੰਤ ਕੈ ਊਪਰਿ ਦੇਇ ਪ੍ਰਭੁ ਹਾਥ ॥ ਸੰਤ ਕੈ ਸੰਗਿ ਬਸੈ ਦਿਨੁ ਰਾਤਿ ॥ ਸਾਸਿ ਸਾਸਿ ਸੰਤਹ ਪ੍ਰਤਿਪਾਲਿ ॥ ਸੰਤ ਕਾ ਦੋਖੀ ਰਾਜ ਤੇ ਟਾਲਿ ॥੨॥ ਸੰਤ ਕੀ ਨਿੰਦਾ ਕਰਹੁ ਨ ਕੋਇ ॥ ਜੋ ਨਿੰਦੈ ਤਿਸ ਕਾ ਪਤਨੁ ਹੋਇ ॥ ਜਿਸ ਕਉ ਰਾਖੈ ਸਿਰਜਨਹਾਰੁ ॥ ਝਖ ਮਾਰਉ ਸਗਲ ਸੰਸਾਰੁ ॥੩॥ ਪ੍ਰਭ ਅਪਨੇ ਕਾ ਭਇਆ ਬਿਸਾਸੁ ॥ ਜੀਉ ਪਿੰਡੁ ਸਭੁ ਤਿਸ ਕੀ ਰਾਸਿ ॥ ਨਾਨਕ ਕਉ ਉਪਜੀ ਪਰਤੀਤਿ ॥ ਮਨਮੁਖ ਹਾਰ ਗੁਰਮੁਖ ਸਦ ਜੀਤਿ ॥੪॥੧੬॥੧੮॥ {ਪੰਨਾ 867}

ਪਦਅਰਥ:- ਲੀਆ—{ਅਰਬੀ ਲਫ਼ਜ਼ 'ਲਈਨ'—ਜਿਸ ਉਤੇ ਲਾਹਨਤ ਪਾਈ ਹੋਈ ਹੋਵੇ} ਲਾਹਨਤਿਆ ਹੋਇਆ, ਫਿਟਕਾਰਿਆ ਹੋਇਆ। ਬਿਦਾਰਉ—ਬਿਦਾਰਉਂ, ਮੈਂ ਚੀਰ ਦਿਆਂ। ਧਰਤਿ ਬਿਦਾਰਉ—ਮੈਂ ਧਰਤੀ ਤੋਂ ਜੜ੍ਹਾਂ ਪੁੱਟ ਦਿਆਂ। ਅਕਾਸ ਤੇ—ਆਕਾਸ਼ ਤੋਂ, ਉੱਚੇ ਮਰਾਤਬੇ ਤੋਂ। ਟਾਰਉ—ਟਾਰਉਂ, ਮੈਂ ਸੁੱਟ ਦਿਆਂ। ਕਉ—ਨੂੰ। ਰਾਖਉ—ਰਾਖਉਂ, ਮੈਂ ਰੱਖਿਆ ਕਰਦਾ ਹਾਂ। ਜੀਅ ਨਾਲਿ—ਜਿੰਦ ਨਾਲ। ਉਧਾਰਉ—ਉਧਾਰਉਂ, ਮੈਂ ਬਚਾ ਲੈਂਦਾ ਹਾਂ। ਤਤਕਾਲਿ—ਉਸੇ ਵੇਲੇ। ਤਾਲਿ—ਤਾਲੀ ਵੱਜਣ ਜਿਤਨੇ ਸਮੇ ਵਿਚ।1।

ਸੋਈ—ਉਹੀ (ਮਨੁੱਖ)। ਜਿ—ਜਿਹੜਾ। ਭਾਵੈ ਰਾਮ—ਰਾਮ ਨੂੰ ਚੰਗਾ ਲੱਗਦਾ ਹੈ। ਸੰਤ ਗੋਬਿੰਦ ਕੈ—ਸੰਤ ਅਤੇ ਪਰਮਾਤਮਾ ਦੇ ਅੰਦਰ। ਏਕੈ—ਇਕੋ ਜਿਹੇ।1। ਰਹਾਉ।

ਕੈ ਊਪਰਿ—ਦੇ ਉੱਤੇ। ਦੇਇ—ਦੇਂਦੀ ਹੈ। ਕੈ ਸੰਗਿ—ਦੇ ਨਾਲ। ਸਾਸਿ ਸਾਸਿ—ਹਰੇਕ ਸਾਹ ਦੇ ਨਾਲ। ਪ੍ਰਤਿਪਾਲਿ—ਪ੍ਰਤਿਪਾਲੈ, ਰਾਖੀ ਕਰਦਾ ਹੈ। ਦੋਖੀ—ਵੈਰੀ, ਬੁਰਾ ਚਿਤਵਨ ਵਾਲਾ। ਟਾਲਿ—ਟਾਲੈ, ਸੁੱਟ ਦੇਂਦਾ ਹੈ।2।

ਤਿਸ ਕਾ—{ਲਫ਼ਜ਼ 'ਤਿਸੁ' ਦਾ ੁ ਸੰਬੰਧਕ 'ਕਾ' ਦੇ ਕਾਰਨ ਉੱਡ ਗਿਆ ਹੈ}। ਪਤਨੁ—ਨਾਸ, ਗਿਰਾਵਟ। ਜਿਸ ਕਉ—{ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਕਉ' ਦੇ ਕਾਰਨ ਉੱਡ ਗਿਆ ਹੈ}। ਮਾਰਉ—{ਹੁਕਮੀ ਭਵਿੱਖਤ, ਅੱਨ ਪੁਰਖ, ਇਕ-ਵਚਨ} ਬੇ-ਸ਼ੱਕ ਮਾਰੇ। ਝਖ ਮਾਰਉ—ਬੇ-ਸ਼ੱਕ ਝਖਾਂ ਮਾਰੇ।3।

ਬਿਸਾਸੁ—ਭਰੋਸਾ। ਜੀਉ—ਜਿੰਦ। ਪਿੰਡੁ—ਸਰੀਰ। ਤਿਸ ਕੀ—{ਲਫ਼ਜ਼ 'ਤਿਸੁ' ਦਾ ੁ ਸੰਬੰਧਕ 'ਕੀ' ਦੇ ਕਾਰਨ ਉੱਡ ਗਿਆ ਹੈ}। ਰਾਸਿ—ਸਰਮਾਇਆ, ਪੂੰਜੀ। ਕਉ—ਨੂੰ। ਪਰਤੀਤਿ—ਯਕੀਨ, ਨਿਸ਼ਚਾ। ਮਨਮੁਖ—ਆਪਣੇ ਮਨ ਵਲ ਮੂੰਹ ਰੱਖਣ ਵਾਲਾ, ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ। ਗੁਰਮੁਖ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ। ਜੀਤਿ—ਜਿੱਤ।4।

ਅਰਥ:- ਹੇ ਭਾਈ! ਜੇਹੜਾ ਮਨੁੱਖ ਪਰਮਾਤਮਾ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ, ਉਹੀ ਹੈ ਸੰਤ। ਸੰਤ ਦੇ ਹਿਰਦੇ ਵਿਚ ਅਤੇ ਗੋਬਿੰਦ ਦੇ ਮਨ ਵਿਚ ਇਕੋ ਜਿਹਾ ਕੰਮ ਹੁੰਦਾ ਹੈ।1। ਰਹਾਉ।

(ਹੇ ਭਾਈ! ਤਾਹੀਏਂ ਪਰਮਾਤਮਾ ਆਖਦਾ ਹੈ—) ਜਿਸ ਮਨੁੱਖ ਨੂੰ ਸੰਤ ਫਿਟਕਾਰ ਪਾਏ, ਮੈਂ ਉਸ ਦੀਆਂ ਜੜ੍ਹਾਂ ਪੁੱਟ ਦੇਂਦਾ ਹਾਂ। ਸੰਤ ਦੀ ਨਿੰਦਾ ਕਰਨ ਵਾਲੇ ਨੂੰ ਮੈਂ ਉੱਚੇ ਮਰਾਤਬੇ ਤੋਂ ਹੇਠਾਂ ਡੇਗ ਦੇਂਦਾ ਹਾਂ। ਸੰਤ ਨੂੰ ਮੈਂ ਸਦਾ ਆਪਣੀ ਜਿੰਦ ਦੇ ਨਾਲ ਰੱਖਦਾ ਹਾਂ। (ਕਿਸੇ ਭੀ ਬਿਪਤਾ ਤੋਂ) ਸੰਤ ਨੂੰ ਮੈਂ ਤੁਰਤ ਉਸੇ ਵੇਲੇ ਬਚਾ ਲੈਂਦਾ ਹਾਂ।1।

ਹੇ ਭਾਈ! ਪ੍ਰਭੂ ਆਪਣਾ ਹੱਥ (ਆਪਣੇ) ਸੰਤ ਉੱਤੇ ਰੱਖਦਾ ਹੈ, ਪ੍ਰਭੂ ਆਪਣੇ ਸੰਤ ਦੇ ਨਾਲ ਦਿਨ ਰਾਤ (ਹਰ ਵੇਲੇ) ਵੱਸਦਾ ਹੈ। ਪ੍ਰਭੂ ਆਪਣੇ ਸੰਤਾਂ ਦੀ (ਉਹਨਾਂ ਦੇ) ਹਰੇਕ ਸਾਹ ਦੇ ਨਾਲ ਰਾਖੀ ਕਰਦਾ ਹੈ। ਸੰਤ ਦਾ ਬੁਰਾ ਮੰਗਣ ਵਾਲੇ ਨੂੰ ਪ੍ਰਭੂ ਰਾਜ ਤੋਂ (ਭੀ) ਹੇਠਾਂ ਡੇਗ ਦੇਂਦਾ ਹੈ।2।

ਹੇ ਭਾਈ! ਕੋਈ ਭੀ ਮਨੁੱਖ ਕਿਸੇ ਸੰਤ ਦੀ ਨਿੰਦਾ ਨਾਹ ਕਰਿਆ ਕਰੇ। ਜੇਹੜਾ ਭੀ ਮਨੁੱਖ ਨਿੰਦਾ ਕਰਦਾ ਹੈ, ਉਹ ਆਤਮਕ ਜੀਵਨ ਤੋਂ ਡਿੱਗ ਪੈਂਦਾ ਹੈ। ਕਰਤਾਰ ਆਪ ਜਿਸ ਮਨੁੱਖ ਦੀ ਰੱਖਿਆ ਕਰਦਾ ਹੈ, ਸਾਰਾ ਸੰਸਾਰ (ਉਸ ਦਾ ਨੁਕਸਾਨ ਕਰਨ ਲਈ) ਬੇ-ਸ਼ੱਕ ਪਿਆ ਝਖਾਂ ਮਾਰੇ (ਉਸ ਦਾ ਕੋਈ ਵਿਗਾੜ ਨਹੀਂ ਕਰ ਸਕਦਾ)।3।

ਹੇ ਭਾਈ! ਜਿਸ ਮਨੁੱਖ ਨੂੰ ਆਪਣੇ ਪ੍ਰਭੂ ਉਤੇ ਭਰੋਸਾ ਬਣ ਜਾਂਦਾ ਹੈ (ਉਸ ਨੂੰ ਇਹ ਨਿਸ਼ਚਾ ਹੋ ਜਾਂਦਾ ਹੈ ਕਿ) ਇਹ ਜਿੰਦ ਤੇ ਇਹ ਸਰੀਰ ਸਭ ਕੁਝ ਉਸ ਪ੍ਰਭੂ ਦਾ ਦਿੱਤਾ ਹੋਇਆ ਹੀ ਸਰਮਾਇਆ ਹੈ। ਹੇ ਭਾਈ! ਨਾਨਕ ਦੇ ਹਿਰਦੇ ਵਿਚ ਭੀ ਇਹ ਯਕੀਨ ਬਣ ਗਿਆ ਹੈ ਕਿ ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਜੀਵਨ-ਬਾਜ਼ੀ ਵਿਚ) ਹਾਰ ਜਾਂਦਾ ਹੈ, ਗੁਰੂ ਦੀ ਸਰਨ ਪੈਣ ਵਾਲੇ ਮਨੁੱਖ ਨੂੰ ਸਦਾ ਜਿੱਤ ਪ੍ਰਾਪਤ ਹੁੰਦੀ ਹੈ।4। 16। 18।